# ਦਫਤਰ ਜਿਲਾ ਮੈਜਿਸਟਰੇਟ,ਰੂਪਨਗਰ

(ਫੁਟਕਲ ਸ਼ਾਖਾ)

## ਹੁਕਮ

ਇਸ ਦਫਤਰ ਦੇ ਪਿੱਠ ਅੰਕਣ ਨੰ: 26646-695 /ਫਸ-1 ਮਿਤੀ 12-12-2017 ਰਾਹੀਂ ਸ੍ਰੀ ਚਮਕੌਰ ਸਾਹਿਬ ਵਿਖੇ ਸ਼ਹੀਦੀ ਸਭਾ ਦੌਰਾਨ ਸ੍ਰੀ ਚਮਕੌਰ ਸਾਹਿਬ ਦੇ ਏਰੀਏ ਅੰਦਰ ਆਉਂਦੇ ਇਹਨਾਂ ਚਾਰ ਪਿੰਡਾਂ ਦੇ ਠੇਕਿਆ (ਕਮਾਲਪੁਰ, ਪਿੱਪਲ ਮਾਜਰਾ, ਬੇਲਾ ਤੇ ਸੰਧੂਆਂ ) ਵਿੱਚ ਹਰ ਕਿਸਮ ਦੀ ਸ਼ਰਾਬ ਦੇ ਠੇਕੇ/ਅਹਾਤੇ, ਸ਼ਰਾਬ ਦੇ ਭੰਡਾਰ ਰੱਖਣ,ਹੋਟਲਾਂ ਆਦਿ ਵਿਚ ਸ਼ਰਾਬ ਦੀ ਵਰਤੋਂ ਤੇ ਸ਼ਰਾਬ ਦੀ ਵਰਤੋਂ ਕਰਕੇ ਸ਼ਹੀਦੀ ਸਭਾ ਵਿਚ ਦਾਖਲ ਹੋਣ ਤੇ ਵੀ ਮਿਤੀ 20-12-2017 ਤੋਂ 22-12-2017 ਤੱਕ (ਸਮਾਂ ਸਵੇਰੇ 11-00 ਵਜੇ ਤੋਂ ਰਾਤ 8-00 ਵਜੇ ਤੱਕ) ਪੂਰਨ ਤੌਰ ਤੇ ਪਾਬੰਦੀ ਲਗਾਈ ਗਈ ਸੀ।

ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ,ਰੂਪਨਗਰ ਵੱਲੋ ਆਪਣੇ ਦਫਤਰ ਦੇ ਪੱਤਰ ਨੰ: 363 ਮਿਤੀ 16-12-2017 ਰਾਹੀਂ ਬੇਨਤੀ ਕੀਤੀ ਹੈ ਉਕਤ ਪਿੰਡਾਂ ਦੇ ਠੇਕੇ ਬੰਦ ਨਾਂ ਕੀਤੇ ਜਾਣ ਕਿਉਂਕਿ ਪਹਿਲਾਂ ਵੀ ਸ਼ਹੀਦੀ ਸਭਾ ਦੌਰਾਨ ਇਹਨਾਂ ਪਿੰਡਾਂ ਦੇ ਠੇਕੇ ਬੰਦ ਨਹੀਂ ਕੀਤੇ ਗਏ।

ਇਸ ਲਈ ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ,ਰੂਪਨਗਰ ਦੀ ਬੇਨਤੀ ਨੂੰ ਵਿਚਾਰਦੇ ਹੋਏ ਇਸ ਹੁਕਮ ਰਾਹੀਂ ਸੋਧ ਕੀਤੀ ਜਾਂਦੀ ਹੈ ਕਿ ਸ੍ਰੀ ਚਮਕੌਰ ਸਾਹਿਬ ਦੇ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਅਤੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੀ ਹਦੂਦ ਤੋ 3 ਕਿਲੋਮੀਟਰ ਦੇ ਘੇਰੇ ਅੰਦਰ ਸ਼ਰਾਬ ਦੀ ਵਿਕਰੀ, ਸ਼ਰਾਬ ਦੇ ਭੰਡਾਰ ਰੱਖਣ, ਸ਼ਰਾਬ ਦੀ ਵਰਤੋਂ ਤੇ **ਮਿਤੀ 20-12-2017 ਤੋਂ ਮਿਤੀ 22-12-2017 ਸਵੇਰੇ 11-00 ਵਜੇ ਤੋਂ ਸ਼ਾਮ 8-00 ਵਜੇ ਤੱਕ ਪਾਬੰਦੀ ਲਗਾਈ ਜਾਂਦੀ ਹੈ।**

ਸਹੀ/-
ਵਧੀਕ ਜਿਲਾ ਮੈਜਿਸਟਰੇਟ,
ਰੂਪਨਗਰ।

ਪਿੱਠ ਅੰਕਣ ਨੰ: 27540-89 /ਫਸ-1 ਮਿਤੀ 19/12/17

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ,ਪੰਜਾਬ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ,ਜਲੰਧਰ, ਕਪੂਰਥਲਾ, ਤਰਨਤਾਰਨ, ਅਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਜਿਲ੍ਹਾ ਸੈਸ਼ਨ ਜੱਜ,ਰੂਪਨਗਰ।
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ ।
11. ਜਿਲਾ ਲੋਕ ਸੰਪਰਕ ਅਫਸਰ,ਰੂਪਨਗਰ (20 ਕਾਪੀਆਂ)
12. ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ,ਰੂਪਨਗਰ।
13. ਤਹਿਸੀਲਦਾਰ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ।
14. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ/ਸ੍ਰੀ ਆਨੰਦਪੁਰ ਸਾਹਿਬ/ਨੂਰਪੁਰ ਬੇਦੀ/ਸ੍ਰੀ ਚਮਕੌਰ ਸਾਹਿਬ/ ਮੋਰਿੰਡਾ।
15. ਕਾਰਜ ਸਾਧਕ ਅਫਸਰ, ਨਗਰ ਕੌਂਸ਼ਲ, ਰੂਪਨਗਰ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ਨੰਗਲ
16. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
17. ਜਿਲਾ ਸੂਚਨਾ ਅਫਸਰ,ਰੂਪਨਗਰ।
18. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ।

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਕਮਿਸ਼ਨਰ(ਜ)
ਵਾ: ਜਿਲ੍ਹਾ ਮੈਜਿਸਟਰੇਟ,
ਰੂਪਨਗਰ।